## Vigilance Bureau Punjab

## Vigilance Bureau conducts joint surprise checking of sweet shops with health officials to stop adulteration across Punjab

Chandigarh, November 5: In a bid to curb malpractices of adulteration in sweets and food products, Vigilance Bureau today conducted joint surprise checking with health and food safety officials at various sweets shops across the state and collected samples of food items.

Disclosing this here today, Chief Director cum ADGP Vigilance Bureau B.K. Uppal said teams of Vigilance Bureau in association with district health officials and food safety officials today conducted surprise checking of sweet shops and collected samples of sweets namely khoya, chamcham, kalakand, gulabjamun, burfi, ladoos, patisa and paneer. He added that the samples collected from sweet shops would be sent for testing in the state food testing laboratory. Stern action would be taken against those who found guilty under food safety law", Uppal said.

Uppal said the entire staff of the vigilance bureau is working with utmost dedication and sincerity to end the unethical practices at sweet shops during the festival season.

-----------

# ਵਿਜੀਲੈਂਸ ਬਿਓਰੋ ਪੰਜਾਬ

ਵਿਜੀਲੈਂਸ ਬਿਊਰੋ ਵੱਲੋਂ ਮਿਲਾਵਟ ਰੋਕਣ ਲਈ ਸਿਹਤ ਅਧਿਕਾਰੀਆਂ ਨਾਲ ਮਿਲ ਕੇ ਮਿਠਾਈ ਦੀਆਂ ਦੁਕਾਨਾਂ ਦੀ ਅਚਨਚੇਤ ਚੈਕਿੰਗ

ਮਿਲਾਵਟਖੋਰੀ ਦੇ ਦੋਸ਼ੀਆਂ ਵਿਰੁੱਧ ਖੁਰਾਕ ਸੁਰੱਖਿਆ ਕਾਨੂੰਨ ਤਹਿਤ ਹੋਵੇਗੀ ਕਾਰਵਾਈ : ਉਪਲ

ਚੰਡੀਗੜ੍ਹ, 5 ਨਵੰਬਰ : ਮਿਠਾਈ ਅਤੇ ਖਾਣ ਵਾਲੇ ਪਦਾਰਥਾਂ ਵਿਚ ਹੋ ਰਹੀ ਮਿਲਾਵਟ ਨੂੰ ਰੋਕਣ ਲਈ ਵਿਜੀਲੈਂਸ ਬਿਊਰੋ ਨੇ ਅੱਜ ਸੂਬੇ ਭਰ ਵਿਚ ਵੱਖ-ਵੱਖ ਸ਼ਹਿਰਾਂ ਤੇ ਕਸਬਿਆਂ ਵਿੱਚ ਮਿਠਾਈ ਵਾਲੀਆਂ ਦੁਕਾਨਾਂ ਉਪਰ ਸਿਹਤ ਅਤੇ ਖੁਰਾਕ ਸੁਰੱਖਿਆ ਅਫਸਰਾਂ ਦੇ ਸਹਿਯੋਗ ਨਾਲ ਅਚਨਚੇਤ ਸਾਂਝੀ ਚੈਕਿੰਗ ਕੀਤੀ ਅਤੇ ਖੁਰਾਕੀ ਵਸਤਾਂ ਦੇ ਨਮੂਨੇ ਇਕੱਠੇ ਕੀਤੇ।

ਅੱਜ ਇੱਥੇ ਇਹ ਖੁਲਾਸਾ ਕਰਦਿਆਂ ਚੀਫ ਡਾਇਰੈਕਟਰ ਕਮ ਏਡੀਜੀਪੀ ਵਿਜੀਲੈਂਸ ਬਿਊਰੋ ਬੀ.ਕੇ. ਉਪਲ ਨੇ ਕਿਹਾ ਕਿ ਵਿਜੀਲੈਂਸ ਬਿਊਰੋ ਦੀਆਂ ਟੀਮਾਂ ਨੇ ਅੱਜ ਸਿਹਤ ਅਧਿਕਾਰੀਆਂ ਅਤੇ ਖੁਰਾਕ ਸੁਰੱਖਿਆ ਅਧਿਕਾਰੀਆਂ ਨਾਲ ਮਿਲ ਕੇ ਮਿਠਾਈ ਦੀਆਂ ਦੁਕਾਨਾਂ ਦੀ ਅਚਨਚੇਤ ਚੈਕਿੰਗ ਕੀਤੀ ਅਤੇ ਖੋਆ, ਚਮਚੰਮ, ਕਲਾਕੰਦ, ਗੁਲਾਬ ਜਾਮਨ, ਬਰਫੀ, ਲੱਡੂ, ਪੈਟੀਜ਼ ਅਤੇ ਪਨੀਰ ਵਰਗੀਆਂ ਵਸਤਾਂ ਦੇ ਨਮੂਨੇ ਇਕੱਠੇ ਕੀਤੇ।

ਉਨ੍ਹਾਂ ਕਿਹਾ ਕਿ ਮਿਠਾਈ ਦੀਆਂ ਦੁਕਾਨਾਂ ਤੋਂ ਇਕੱਤਰ ਕੀਤੇ ਨਮੂਨੇ ਰਾਜ ਦੇ ਖੁਰਾਕ ਪਰਖ ਪ੍ਰਯੋਗਸ਼ਾਲਾ ਵਿਚ ਪਰਖ ਲਈ ਭੇਜੇ ਜਾਣਗੇ। ਉਨ੍ਹਾਂ ਕਿਹਾ ਕਿ ਜਿਹੜੇ ਲੋਕ ਖਾਣ ਵਾਲੇ ਪਦਾਰਥਾਂ ਵਿੱਚ ਮਿਲਾਵਟ ਦੇ ਦੋਸ਼ੀ ਪਾਏ ਗਏ ਉਨ੍ਹਾਂ ਵਿਰੁੱਧ ਖੁਰਾਕ ਸੁਰੱਖਿਆ ਕਾਨੂੰਨ ਤਹਿਤ ਸਖਤ ਕਾਰਵਾਈ ਕੀਤੀ ਜਾਵੇਗੀ। ਉੱਪਲ ਨੇ ਕਿਹਾ ਕਿ ਵਿਜੀਲੈਂਸ ਬਿਊਰੋ ਦਾ ਸਾਰਾ ਸਟਾਫ ਤਿਉਹਾਰਾਂ ਦੇ ਮੌਸਮ ਦੌਰਾਨ ਮਿਠਾਈ ਦੀਆਂ ਦੁਕਾਨਾਂ ਵਿਚ ਹੁੰਦੀ ਮਿਲਾਵਟ ਨੂੰ ਰੋਕਣ ਲਈ ਸਮਰਪਣ ਅਤੇ ਇਮਾਨਦਾਰੀ ਨਾਲ ਕੰਮ ਕਰ ਰਿਹਾ ਹੈ।

--------